Tape/CD: 1335

# ਪੰਨਾ ੧੨੧੬

ਸਾਰਗ ਮਹਲਾ ੫ ॥ ਹਰਿ ਹਰਿ ਦੀਓ ਸੇਵਕ ਕਉ ਨਾਮ ॥ ਮਾਨਸੁ ਕਾ ਕੋ ਬਪੁਰੋ ਭਾਈ ਜਾ ਕੋ ਰਾਖਾ ਰਾਮ ॥ ੧ ॥ ਰਹਾਉ ॥ ਆਪਿ ਮਹਾ ਜਨੁ ਆਪੇ ਪੰਚਾ ਆਪਿ ਸੇਵਕ ਕੈ ਕਾਮ ॥ ਆਪੇ ਸਗਲੇ ਦੂਤ ਬਿਦਾਰੇ ਠਾਕੁਰ ਅੰਤਰਜਾਮ ॥ ੧ ॥ ਆਪੇ ਪਤਿ ਰਾਖੀ ਸੇਵਕ ਕੀ ਆਪਿ ਕੀਓ ਬੰਧਾਨ ॥ ਆਦਿ ਜੁਗਾਦਿ ਸੇਵਕ ਕੀ ਰਾਖੈ ਨਾਨਕ ਕੋ ਪ੍ਰਭੁ ਜਾਨ ॥ ੨ ॥ ੪੦ ॥ ੬੩ ॥

Tape/CD: 1335

# ਪੰਨਾ ੧੧੩੬

## ਭੈਰਉ ਮਹਲਾ ੫ ਘਰੁ ੧

ਸਗਲੀ ਥੀਤਿ ਪਾਸਿ ਡਾਰਿ ਰਾਖੀ ॥ ਅਸਟਮ ਥੀਤਿ ਗੋਵਿੰਦ
ਜਨਮਾ ਸੀ ॥ ੧ ॥ ਭਰਮਿ ਭੂਲੇ ਨਰ ਕਰਤ ਕਚਰਾਇਣ ॥
ਜਨਮ ਮਰਣ ਤੇ ਰਹਤ ਨਾਰਾਇਣ ॥ ੧ ॥ ਰਹਾਉ ॥ ਕਰਿ
ਪੰਜੀਰੁ ਖਵਾਇਓ ਚੋਰ ॥ ਓਹੁ ਜਨਮਿ ਨ ਮਰੈ ਰੇ ਸਾਕਤ ਢੋਰ
॥ ੨ ॥ ਸਗਲ ਪਰਾਧ ਦੇਹਿ ਲੋਰੋਨੀ ॥ ਸੋ ਮੁਖੁ ਜਲਉ ਜਿਤੁ
ਕਹਹਿ ਠਾਕੁਰ ਜੋਨੀ ॥ ੩ ॥ ਜਨਮਿ ਨ ਮਰੈ ਨ ਆਵੈ ਨ ਜਾਇ
॥ ਨਾਨਕ ਕਾ ਪ੍ਰਭੁ ਰਹਿਓ ਸਮਾਇ ॥ ੪ ॥ ੧ ॥